**Orders of Station Allotment, Clerk**

**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ, ਐਸ.ਏ.ਐਸ. ਨਗਰ**

**ਪੀ.ਐਸ.ਈ.ਬੀ. ਕੰਪਲੈਕਸ, ਫੇਜ਼-8, ਐਸ.ਏ.ਐਸ. ਨਗਰ**

**(ਦਫਤਰੀ ਅਮਲਾ ਸ਼ਾਖਾ)**

**ਹੁਕਮ ਨੰ.** ਈ-444520/ **DPISE-ME0ESTB/8/2023**- ਦਅ(2)

**ਮਿਤੀ: 16.08.2024**

1.0 ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਵੱਲੋਂ ਕਲਰਕ ਦੀਆਂ 250 (ਬੈਕਲਾਗ) ਆਸਾਮੀਆਂ ਭਰਨ ਲਈ ਇਸ਼ਤਿਹਾਰ ਨੰ. 17/2021 ਦਿੱਤਾ ਗਿਆ ਸੀ। ਇਸ ਭਰਤੀ ਅਧੀਨ ਸਿਲੈਕਟ ਹੋਏ ਉਮੀਦਵਾਰਾਂ ਦੀ ਸੂਚੀ ਮਿਤੀ 15.08.2024 ਰਾਹੀਂ ਵਿਭਾਗ ਦੀ ਵੈਬਸਾਈਟ http://www.ssapunjab.org ਤੇ ਅਪਲੋਡ ਕੀਤੀ ਗਈ ਸੀ। ਇਹਨਾਂ ਸਿਲੈਕਟ ਹੋਏ ਉਮੀਦਵਾਰਾਂ ਨੂੰ ਨਿਯੁਕਤੀ/ਪੇਸ਼ਕਸ਼ ਪੱਤਰ ਜਾਰੀ ਕਰਦੇ ਹੋਏ ਮਿਤੀ 16.08.2024 ਨੂੰ ਸਟੇਸ਼ਨ ਚੋਣ ਕਰਵਾਈ ਗਈ ਸੀ।

2.0 ਇਹਨਾਂ ਨਵ ਨਿਯੁਕਤ ਕਲਰਕਾਂ ਨੂੰ ਜਾਰੀ ਨਿਯੁਕਤੀ ਪੱਤਰ ਦੀ ਲਗਾਤਾਰਤਾ ਵਿੱਚ ਹੁਣ ਉਹਨਾਂ ਦੇ ਨਾਵਾਂ ਸਾਹਮਣੇ ਦਰਸਾਏ ਸਟੇਸ਼ਨ ਹੇਠ ਲਿਖੇ ਅਨੁਸਾਰ ਅਲਾਟ ਕੀਤੇ ਜਾਂਦੇ ਹਨ:-

| Sr.No | APPLICATION NO | Name<br>Father's Name | Cat | Category of Recommendation | School Name |
|---|---|---|---|---|---|
| 1 | PSSSBH17128903 | GURBINDER SINGH S/D/o MAJOR SINGH | EWS (GEN.) | OPEN AGAINST ESM (GEN) | DEO (SE) FARIDKOT DISTRICT- FARIDKOT |
| 2 | PSSSBH17114792 | SAHIL SARDANA S/D/o ASHOK SARDANA | EWS (GEN) | OPEN AGAINST ESM (GEN) | DEO (SE) MUKTSAR DISTRICT- MUKTSAR |
| 3 | PSSSBH17125688 | GURJIWAN SINGH S/D/o SUKHJEET SINGH | EWS (GEN) | OPEN AGAINST SPORTS (GEN) | BPEO BARNALA DISTRICT- BARNALA |
| 4 | PSSSBH17052529 | TAJINDER SINGH S/D/o KARNAIL SINGH | BC | BC AGAINST BC ESM | BPEO GORAYA-1 DISTRICT- JALANDHAR |
| 5 | PSSSBH17036621 | JAGDEV SINGH S/D/o AVTAR SINGH | BC | BC | DEO (EE) FEROZEPUR DISTRICT- FEROZEPUR |

3.0 ਕਲਰਕ ਦੀ ਭਰਤੀ ਨਾਲ ਸਬੰਧਤ ਵੱਖ ਵੱਖ ਅਦਾਲਤਾਂ ਵਿੱਚ ਚਲ ਰਹੇ ਕੋਰਟ ਕੇਸਾਂ ਦੇ ਭਵਿੱਖ ਵਿੱਚ ਆਉਣ ਵਾਲੇ ਫੈਸਲੇ ਇਸ ਨਿਯੁਕਤੀ ਤੇ ਲਾਗੂ ਹੋਣਗੇ।

4.0 ਉਪਰੋਕਤ ਨਵ-ਨਿਯੁਕਤ ਕਲਰਕਾਂ ਨੂੰ ਆਪਣੇ ਤਾਇਨਾਤੀ ਵਾਲੇ ਸਥਾਨ ਤੇ ਹਾਜ਼ਰ ਹੋਣ ਸਬੰਧੀ 5 ਦਿਨਾਂ ਦਾ ਸਮਾਂ ਦਿੱਤਾ ਜਾਂਦਾ ਹੈ ਅਤੇ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਤਾਇਨਾਤੀ ਵਾਲੇ ਸਥਾਨ ਤੇ ਹਾਜ਼ਰੀ ਰਿਪੋਰਟ ਦਿੰਦੇ ਹੋਏ ਮੈਡੀਕਲ ਫਿਟਨੈਸ ਸਰਟੀਫਿਕੇਟ ਸਬੰਧਤ ਸਕੂਲ ਮੁੱਖੀ ਨੂੰ ਪੇਸ਼ ਕਰਨਗੇ। ਉਨ੍ਹਾਂ ਦੀ ਤਨਖਾਹ ਸਕੂਲ ਵਿੱਚ ਹਾਜ਼ਰੀ ਦੀ ਮਿਤੀ ਤੋਂ ਮਿਲਣਯੋਗ ਹੋਵੇਗੀ।

5.0 ਉਪਰੋਕਤ ਨਵ-ਨਿਯੁਕਤ ਕਲਰਕ ਸਕੂਲ ਵਿੱਚ ਹਾਜ਼ਰ ਹੋਣ ਸਮੇਂ ਆਪਣੇ ਨਾਲ ਅਪਲਾਈ ਕਰਨ ਦਾ ਸਬੂਤ, ਅਸਲ ਆਧਾਰ ਕਾਡਰ ਅਤੇ ਨਿਯੁਕਤੀ ਪੱਤਰ ਦੀ ਕਾਪੀ ਵੀ ਲੈ ਕੇ ਜਾਣਗੇ।

6.0 ਕਿਸੇ ਵੀ ਨਵ-ਨਿਯੁਕਤ ਕਲਰਕ ਵੱਲੋਂ ਆਪਣੀ ਹਾਜ਼ਰੀ ਰਿਪੋਰਟ ਵੱਖਰੇ ਤੌਰ ਤੇ ਡਾਇਰੈਕਟੋਰੇਟ ਨੂੰ ਨਹੀਂ ਭੇਜੀ ਜਾਵੇਗੀ।

7.0 ਨਵ-ਨਿਯੁਕਤ ਕਲਰਕ ਸਕੂਲ ਵਿੱਚ ਹਾਜ਼ਰ ਹੋਣ ਤੋਂ ਪਹਿਲਾਂ ਆਪਣੀ ਹਾਜ਼ਰੀ ਸਬੰਧਤ ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਵਿਖੇ ਦੇਣਗੇ ਅਤੇ ਇਸ ਭਰਤੀ ਨਾਲ ਸਬੰਧਤ ਦਸਤਾਵੇਜ਼ਾਂ ਦੀ ਫਾਈਲ (ਫੋਟੋਕਾਪੀਆਂ) ਤਿਆਰ ਕਰਕੇ ਦਫਤਰ ਵਿਖੇ ਜਮ੍ਹਾਂ ਕਰਵਾਉਣਾ ਯਕੀਨੀ ਬਣਾਉਣਗੇ।

8.0 ਉਪਰੋਕਤ ਨਵ-ਨਿਯੁਕਤ ਕਲਰਕ ਆਪਣੀ ਹਾਜ਼ਰੀ ਉਪਰੰਤ ਆਪਣਾ ਸਾਰਾ ਡਾਟਾ ਈ-ਪੰਜਾਬ ਪੋਰਟਲ ਤੇ 3 ਦਿਨਾਂ ਦੇ ਅੰਦਰ ਅੰਦਰ ਅਪਲੋਡ ਕਰਨਾ ਯਕੀਨੀ ਬਣਾਉਣਗੇ। ਡਾਇਰੈਕਟੋਰੇਟ ਵੱਲੋਂ ਨਵ-ਨਿਯੁਕਤ ਕਲਰਕਾਂ ਦੀ ਹਾਜ਼ਰੀ ਸਬੰਧੀ ਰਿਪੋਰਟ ਈ-ਪੰਜਾਬ ਪੋਰਟਲ ਤੋਂ ਹੀ ਪ੍ਰਾਪਤ ਕੀਤੀ ਜਾਵੇਗੀ। ਜੇਕਰ ਕਿਸੇ ਨਵ-ਨਿਯੁਕਤ ਕਲਰਕ ਵੱਲੋਂ ਆਪਣਾ ਡਾਟਾ ਈ-ਪੰਜਾਬ ਪੋਰਟਲ ਤੇ 3 ਦਿਨ ਦੇ ਅੰਦਰ ਅੰਦਰ ਅਪਲੋਡ ਨਹੀਂ ਕੀਤਾ ਜਾਂਦਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਨੌਕਰੀ ਕਰਨ ਵਿੱਚ ਰੁਚੀ ਨਹੀਂ ਰੱਖਦਾ/ਰੱਖਦੀ, ਇਸ ਲਈ ਉਸ ਨੂੰ ਗੈਰਹਾਜ਼ਰ ਸਮਝਦੇ ਹੋਏ ਉਸ ਦੀਆਂ ਸੇਵਾਵਾਂ ਖਤਮ ਕਰਨ ਲਈ ਕਾਰਵਾਈ ਆਰੰਭੀ ਜਾਵੇਗੀ।

9.0 ਬਾਕੀ ਸ਼ਰਤਾਂ ਨਵ-ਨਿਯੁਕਤ ਕਲਰਕਾਂ ਨੂੰ ਜਾਰੀ ਨਿਯੁਕਤੀ ਪੱਤਰ ਵਾਲੀਆਂ ਹੀ ਲਾਗੂ ਹੋਣਗੀਆਂ।

**ਪਰਮਜੀਤ ਸਿੰਘ, ਪੀ.ਸੀ.ਐਸ.**
**ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ**

ਪਿੱਠ ਅੰਕਣ ਨੰ.: ਉਕਤ/ **2024204685** ਮਿਤੀ, ਐਸ.ਏ.ਐਸ. ਨਗਰ: 19.08.2024

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸਕੱਤਰ ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ।
2. ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਨਵ ਨਿਯੁਕਤ ਕਲਰਕਾਂ ਤੋਂ ਇਸ ਭਰਤੀ ਨਾਲ ਸਬੰਧਤ ਦਸਤਾਵੇਜ਼ (ਮੈਡੀਕਲ ਫਿਟਨੈਸ ਰਿਪੋਰਟ, ਕੈਟਾਗਰੀ ਸਬੰਧੀ ਸਰਟੀਫਿਕੇਟ, ਵਿਦਿਅਕ ਸਰਟੀਫਿਕੇਟ ਅਤੇ ਹੋਰ ਦਸਤਾਵੇਜ਼) ਪ੍ਰਾਪਤ ਕਰਨ ਉਪਰੰਤ ਹੀ ਸਬੰਧਤ ਸਕੂਲ ਵਿੱਚ ਹਾਜ਼ਰ ਕਰਵਾਇਆ ਜਾਵੇ।
3. ਸਬੰਧਤ ਸੰਸਥਾ ਮੁੱਖੀ ਨੂੰ ਹਦਾਇਤ ਕੀਤੀ ਜਾਂਦੀ ਹੈ ਇਹਨਾਂ ਨਵ-ਨਿਯੁਕਤ ਕਲਰਕਾਂ ਦੀ ਸਿਲੈਕਸ਼ਨ ਲਿਸਟ ਪਹਿਲਾਂ ਹੀ ਵਿਭਾਗ ਦੀ ਵੈਬਸਾਈਟ http://www.ssapunjab.org ਤੇ ਅਪਲੋਡ ਕੀਤੀ ਹੋਈ ਹੈ। ਉਹ ਇਹਨਾਂ ਨਵ-ਨਿਯੁਕਤ ਕਲਰਕਾਂ ਨੂੰ ਹਾਜ਼ਰ ਕਰਵਾਉਣ ਸਮੇਂ ਹੇਠ ਲਿਖੀਆਂ ਹਦਾਇਤਾਂ ਦੀ ਪਾਲਣਾ ਕਰਨਗੇ:-
   - ਨਵ ਨਿਯੁਕਤ ਕਲਰਕ ਦਾ ਮੈਡੀਕਲ ਫਿਟਨੈਸ ਸਰਟੀਫਿਕੇਟ ਚੈਕ ਕਰਨਗੇ ਅਤੇ ਫਿਟ ਪਾਏ ਜਾਣ ਉਪਰੰਤ ਹੀ ਨਵ ਨਿਯੁਕਤ ਕਲਰਕ ਨੂੰ ਜੁਆਇੰਨ ਕਰਵਾਉਣਗੇ।
   - ਨਵ ਨਿਯੁਕਤ ਕਲਰਕ ਦੇ ਵਿਦਿਅਕ ਯੋਗਤਾ ਸਬੰਧੀ ਮੁਕੰਮਲ ਦਸਤਾਵੇਜ਼ ਅਤੇ ਇਸ ਸਿਲੈਕਸ਼ਨ ਸਬੰਧੀ ਵੇਰਵੇ ਬਾਰਿਕੀ ਨਾਲ ਚੈਕ ਕਰਨਗੇ ਅਤੇ ਤੁਰੰਤ ਸਬੰਧਤ ਸੰਸਥਾ/ਯੂਨੀਵਰਸਿਟੀ ਤੋਂ ਵੈਰੀਫਾਈ ਕਰਵਾਉਣਗੇ। ਦਸਤਾਵੇਜ਼ ਵੈਰੀਫਿਕੇਸ਼ਨ ਉਪਰੰਤ ਜੇਕਰ ਕਿਸੇ ਕਰਮਚਾਰੀ ਦੀ ਰਿਪੋਰਟ ਠੀਕ ਨਹੀਂ ਪਾਈ ਜਾਂਦੀ ਤਾਂ ਇਸ ਸਬੰਧੀ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਰਾਹੀਂ ਉਸ ਕਰਮਚਾਰੀ ਦੀ ਰਿਪੋਰਟ ਮੁੱਖ ਦਫਤਰ ਨੂੰ ਭੇਜਣੀ ਯਕੀਨੀ ਬਣਾਉਣਗੇ।
   - ਇਹਨਾਂ ਨੂੰ ਹਾਜ਼ਰ ਕਰਵਾਉਣ ਉਪਰੰਤ ਇਹਨਾਂ ਦਾ ਡਾਟਾ ਈ-ਪੰਜਾਬ ਪੋਰਟਲ ਤੇ ਅਪਲੋਡ ਕਰਵਾਉਣਾ ਯਕੀਨੀ ਬਣਾਉਣਗੇ।
   - ਨਵ ਨਿਯੁਕਤ ਕਲਰਕ ਦੀ ਹਾਜ਼ਰੀ ਰਿਪੋਰਟ ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਪੰਜਾਬ ਨੂੰ ਭੇਜਣੀ ਯਕੀਨੀ ਬਣਾਈ ਜਾਵੇ।
4. ਸਬੰਧਤ ਕਰਮਚਾਰੀ।

**ਸਹਾਇਕ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ)**
**(ਦਫਤਰੀ ਅਮਲਾ ਸ਼ਾਖਾ)**